ਨੰ: 2/58/2007-2ਸਿ:3/ 17208
ਪੰਜਾਬ ਸਰਕਾਰ
ਸਿੱਖਿਆ ਵਿਭਾਗ
( ਸਿੱਖਿਆ -3 ਸਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਬਚਪਨ ਇੰਗਲਿਸ ਸਕੂਲ,
ਬਰਨਾਲ ਰੋਡ,ਸੰਗਰੂਰ।

ਮਿਤੀ,ਚੰਡੀਗੜ੍ਹ

ਵਿਸਾ: ਬਚਪਨ ਇੰਗਲਿਸ ਸਕੂਲ,ਬਰਨਾਲਾ ਰੋਡ,ਸੰਗਰੂਰ ਨੂੰ ਸੀ.ਬੀ.ਐਸ.ਈ. ਨਵੀ ਦਿੱਲੀ ਨਾਲ ਐਫਲੀਲੀਏਸਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

***

ਉਪਰੋਕਤ ਵਿਸੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋ ਪੇਸ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ ਜਿਲਾ ਸਿੱਖਿਆ ਅਫਸਰ ( ਸੈ.ਸਿ:), ਸੰਗਰੂਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.),ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ/ਇੰਸਪੈਕਸਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ.-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ,ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਵਲੋਂ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੇਸਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲਾ ਸਿੱਖਿਆ ਅਫਸਰ ਵੱਲੋਂ ਜਾ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/58/07-2ਸਿ:3/ 17209 ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ ( ਸੈ.ਸਿ.),ਪੰਜਾਬ,ਚੰਡੀਗੜ੍ਹ ਨੂੰ ਉਨਾਂ ਦੇ ਮੀਮੋ ਨੰ: 15/23-2007 ਗਰਾਂਟ 1(2), ਮਿਤੀ 22-5-07 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾ ਜੋ ਇਹ ਪਤਾ ਲੱਗਦਾ ਰਹੇ ਕਿ ਸਬੰਧਿਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾ ਦੀ ਇਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ ਸਕੂਲ ਸਿੱਖਿਆ